# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 30-11-2024**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਨੂੰ ਦਰਪੇਸ਼ ਗੰਭੀਰ ਚੁਣੌਤੀਆਂ ਨਾਲ ਨਜਿੱਠਣ ਲਈ ਵਿਸ਼ਵ ਬੈਂਕ ਤੋਂ ਪੂਰਨ ਸਹਿਯੋਗ ਦੀ ਮੰਗ ਕੀਤੀ ਏ । ਭਾਰਤ ਲਈ ਵਿਸ਼ਵ ਬੈਂਕ ਦੇ ਕੰਟਰੀ ਡਾਇਰੈਕਟਰ ਅਗਸਟ ਟੈਨੋ ਕੁਆਮੇ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਸੂਬੇ ਨੂੰ ਵਿੱਤੀ ਸਹਾਇਤਾ ਦੇਣ ਸਬੰਧੀ ਕੇਸ ਨੂੰ ਮਜ਼ਬੂਤੀ ਨਾਲ ਪੇਸ਼ ਕੀਤਾ। ਉਨ੍ਹਾਂ ਸੂਬਾ ਸਰਕਾਰ ਦੀ ਵਿੱਤੀ ਅਤੇ ਸੰਸਥਾਗਤ ਢਾਂਚੇ ਦੀ ਮਜ਼ਬੂਤੀ ਪ੍ਰਤੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਵਿਕਾਸ ਨੂੰ ਹੁਲਾਰਾ ਦੇਣ , ਜਨਤਕ ਸੇਵਾਵਾਂ ਵਿੱਚ ਸੁਧਾਰ ਅਤੇ ਆਪਣੇ ਨਾਗਰਿਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਵਿੱਤੀ ਸਹਾਇਤਾ ਦੀ ਲੋੜ ’ਤੇ ਜ਼ੋਰ ਦਿੱਤਾ । ਉਨ੍ਹਾਂ ਨੇ ਇਨ੍ਹਾਂ ਸੁਧਾਰਾਂ ਸਬੰਧੀ ਸੂਬੇ ਦੇ ਠੋਸ ਏਜੰਡੇ ਨੂੰ ਪ੍ਰਦਰਸ਼ਿਤ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਇਹ ਵਿੱਤੀ ਸਹਾਇਤਾ

ਮੰਗਣ ਦਾ ਮੁੱਖ ਉਦੇਸ ਵਿੱਤੀ ਸੂਝ-ਬੂਝ, ਬਿਹਤਰ ਪ੍ਰਸ਼ਾਸਨ ਅਤੇ ਬਿਹਤਰ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ ‘ਤੇ ਧਿਆਨ ਕੇਂਦਰਤ ਕਰਨਾ ਏ। ਮੁੱਖ ਮੰਤਰੀ ਵੱਲੋਂ ਉਠਾਏ ਗਏ ਮੁੱਦਿਆਂ ‘ਤੇ ਹਾਂ-ਪੱਖੀ ਹੁੰਗਾਰਾ ਭਰਦਿਆਂ ਅਗਸਟ ਟੈਨੋ ਕੁਆਮੇ ਨੇ ਕਿਹਾ ਕਿ ਉਹ ਇਸ ਖੇਤਰ ਵਿੱਚ ਸਹਿਯੋਗ ਕਰਨ ਬਾਰੇ ਵਿਚਾਰ ਕਰ ਰਹੇ ਨੇ ਕਿਉਂਕਿ ਵਿਸ਼ਵ ਬੈਂਕ ਨੇ ਉੱਤਰ ਪ੍ਰਦੇਸ਼ ਵਿੱਚ ਪਹਿਲਾਂ ਹੀ ਇਸ ਪ੍ਰੋਜੈਕਟ ਵਿੱਚ ਸਹਿਯੋਗ ਕੀਤਾ ਏ।

---------------------------------------------------

ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲਾ ਨੈਟਵਰਕ ਤੋੜਦਿਆਂ ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਅੰਮ੍ਰਿਤਸਰ ਦੇ ਘਰਿੰਡਾ ਨੇੜੇ ਨੂਰਪੁਰ ਤੋਂ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਏ। ਇਨ੍ਹਾਂ ਦੇ ਕਬਜ਼ੇ 'ਚੋਂ 8 ਅਤਿ ਆਧੁਨਿਕ ਹਥਿਆਰ ਤੇ 10 ਜ਼ਿੰਦਾ ਰੌਂਦ ਬਰਾਮਦ ਕੀਤੇ ਗਏ ਨੇ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਜਾਣਕਾਰੀ ਦਿੱਤੀ ਏ ਕਿ ਦੋਵਾਂ ਸ਼ੱਕੀਆਂ ਨੂੰ ਉਦੋਂ ਗ੍ਰਿਫਤਾਰ ਕੀਤਾ ਗਿਆ ਜਦੋਂ ਉਹ

ਪਾਕਿਸਤਾਨ ਤੋਂ ਤਸਕਰੀ ਕੀਤੇ ਹਥਿਆਰਾਂ ਦੀ ਖੇਪ ਸੌਂਪਣ ਲਈ ਕਿਸੇ ਹੋਰ ਆਪਰੇਟਿਵ ਦੀ ਉਡੀਕ ਕਰ ਰਹੇ ਸਨ। ਇਸ ਸਬੰਧੀ ਅੰਮ੍ਰਿਤਸਰ ਵਿੱਚ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਵਿੱਚ ਕੇਸ ਦਰਜ ਕੀਤਾ ਗਿਆ ਏ ਅਤੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਏ।

----------------------------------------------------

ਸੀਮਾ ਸੁਰੱਖਿਆ ਬੱਲ ਨੇ ਬੀਤੀ ਸ਼ਾਮ ਇਕ ਪਾਕਿਸਤਾਨੀ ਨਾਗਰਿਕ ਨੂੰ ਇਨਸਾਨੀਅਤ ਦੇ ਨਾਤੇ ਤੇ ਸਦਭਾਵਨਾ ਵਜੋਂ ਪਾਕਿਸਤਾਨ ਰੇਂਜਰਸ ਦੇ ਹਵਾਲੇ ਕਰ ਦਿੱਤਾ ਏ। ਸੂਤਰਾਂ ਮੁਤਾਬਿਕ, ਉਕਤ ਪਾਕਿਸਤਾਨੀ ਨਾਗਰਿਕ ਨੂੰ ਬੀਐਸਐਫ ਦੇ ਚੌਕਸ ਜਵਾਨਾਂ ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਭੈਰੋਪਾਲ ਨੇੜੇ ਕੌਮਾਂਤਰੀ ਸਰਹੱਦ ਪਾਰ ਕਰਦੇ ਸਮੇਂ ਫੜਿਆ ਸੀ। ਬੀਐਸਐਫ ਅਤੇ ਹੋਰ ਸੁਰੱਖਿਆ ਏਜੰਸੀਆਂ ਵੱਲੋਂ ਕੀਤੀ ਪੁੱਛ-ਗਿੱਛ ਦੌਰਾਨ ਪਤਾ ਲੱਗਾ ਕਿ ਇਹ ਘੁਸਪੈਠੀਆ ਕੌਮਾਂਤਰੀ ਸਰਹੱਦ ਤੋਂ ਅਣਜਾਣ ਸੀ। ਉਸ ਦੇ ਕਬਜ਼ੇ 'ਚੋਂ ਕੋਈ ਵੀ ਸ਼ੱਕੀ ਚੀਜ਼ ਬਰਾਮਦ ਨਹੀਂ ਹੋਈ। ਪਾਕਿ ਰੇਂਜਰਾਂ ਦੀ ਬੇਨਤੀ 'ਤੇ, ਇੱਕ ਫਲੈਗ ਮੀਟਿੰਗ ਕੀਤੀ ਗਈ ਜਿਸ ਵਿੱਚ ਬੀਐਸਐਫ ਨੇ ਪਾਕਿਸਤਾਨੀ ਨਾਗਰਿਕ ਦੀ ਗੈਰ-ਜ਼ਰੂਰੀ

ਆਵਾਜਾਈ ਨੂੰ ਰੋਕਣ ਵਿੱਚ ਰੇਂਜਰਾਂ ਦੀ ਅਸਫਲਤਾ 'ਤੇ ਚਿੰਤਾ ਪ੍ਰਗਟ ਕੀਤੀ ਗਈ।

---------------------------------------------------

ਪੰਜਾਬ ਦੇ ਮਾਲ ਤੇ ਮੁੜ ਵਸੇਬਾ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਇੰਤਕਾਲ ਦੇ ਕੇਸਾਂ ਦੇ ਤੁਰੰਤ ਨਿਪਟਾਰੇ ਅਤੇ ਲੋਕਾਂ ਦੀ ਖੱਜਲ ਖੁਆਰੀ ਖਤਮ ਕਰਨ ਲਈ ਮਾਲ ਵਿਭਾਗ ਵੱਲੋਂ ਸੂਬੇ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਵਿਸ਼ੇਸ਼ ਮੁਹਿੰਮ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਝਗੜਾ ਰਹਿਤ ਇੰਤਕਾਲਾਂ ਦਾ ਫੈਸਲਾ 45 ਦਿਨਾਂ ਦੇ ਅੰਦਰ ਕਰਨਾ ਲਾਜ਼ਮੀ ਏ। ਇਸ ਸਬੰਧੀ ਵਿਸ਼ੇਸ ਮੁਹਿੰਮ ਚਲਾਈ ਜਾਵੇਗੀ ਅਤੇ ਇੱਕ ਮਹੀਨੇ ਅੰਦਰ ਅਜਿਹੇ ਸਾਰੇ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 31 ਦਸੰਬਰ ਤੋਂ ਬਾਅਦ, ਜੇ 45 ਦਿਨ ਦੀ ਸਮਾਂ ਸੀਮਾਂ ਤੋਂ ਵੱਧ ਕੋਈ ਝਗੜਾ ਰਹਿਤ ਇੰਤਕਾਲ ਕਿਸੇ ਤਹਿਸੀਲ/ਸਬ-ਤਹਿਸੀਲ ਵਿੱਚ ਪੈਂਡਿੰਗ ਪਾਇਆ ਜਾਂਦਾ ਏ ਤਾਂ ਇਸ ਲਈ ਜ਼ਿੰਮੇਵਾਰ ਸਬੰਧਤ ਅਧਿਕਾਰੀ/ਕਰਮਚਾਰੀ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

---------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਡਿਪੂ ਹੋਲਡਰਾਂ ਦੀ ਮਾਰਜਨ ਮਨੀ ਨੂੰ 8 ਸਾਲਾਂ ਬਾਅਦ ਵਧਾ ਕੇ ਲਗਭਗ ਦੁੱਗਣਾ ਕਰ ਦਿੱਤਾ ਗਿਆ । ਉਨ੍ਹਾਂ ਦੱਸਿਆ ਕਿ 2016 ਵਿੱਚ ਇਹ ਮਾਰਜਨ ਮਨੀ 50 ਰੁਪਏ ਪ੍ਰਤੀ ਕੁਇੰਟਲ ਸੀ ਜਿਸ ਨੂੰ ਵਧਾ ਕੇ 90 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਏ। ਇਸ ਵਾਧੇ ਨੂੰ ਅਪ੍ਰੈਲ 2024 ਤੋਂ ਲਾਗੂ ਕੀਤਾ ਗਿਆ ਏ । ਇਸ ਸਬੰਧ ਵਿੱਚ 38.43 ਕਰੋੜ ਰੁਪਏ ਜਾਰੀ ਕੀਤੇ ਗਏ ਨੇ । ਮੰਤਰੀ ਨੇ ਦੱਸਿਆ ਕਿ ਇਸ ਕਦਮ ਨਾਲ ਸੂਬੇ ਦੇ 14 ਹਜ਼ਾਰ 400 ਰਾਸ਼ਨ ਡਿਪੂ ਹੋਲਡਰਾਂ ਨੂੰ ਲਾਭ ਮਿਲੇਗਾ ।

---------------------------------------------------

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵਲੋਂ ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਅਧੀਨ ਆਉਂਦੇ ਨੀਮ ਪਹਾੜੀ ਇਲਾਕੇ ਚੰਗਰ ਦੇ ਪਿੰਡਾਂ ਵਿੱਚ ਸਿੰਚਾਈ ਲਈ ਨਹਿਰੀ ਪਾਣੀ ਪਹੁੰਚਾਉਣ ਲਈ ਲਿਫਟ

ਸਿੰਚਾਈ ਯੋਜਨਾ ਦਾ ਨੀਂਹ ਪੱਥਰ ਰੱਖਿਆ ਗਿਆ। 90 ਕਰੋੜ ਰੁਪਏ ਦੇ ਲਾਗਤ ਵਾਲੇ ਇਸ ਪ੍ਰਾਜੈਕਟ ਦਾ ਨੀਂਹ ਪੱਥਰ ਚੰਗਰ ਦੀ ਰਾਜਧਾਨੀ ਵਜੋਂ ਜਾਣੇ ਜਾਂਦੇ ਸਮਲਾਹ ਪਿੰਡ ਵਿਖੇ ਰੱਖਿਆ ਗਿਆ। ਇਹ ਲਿਫਟ ਸਿੰਜਾਈ ਯੋਜਨਾ ਪੰਜਾਬ ਰਾਜ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਯੋਜਨਾ ਏ । ਇਸ ਮੌਕੇ ਕੈਬਨਿਟ ਮੰਤਰੀ ਬੈਂਸ ਨੇ ਕਿਹਾ ਕਿ ਜਦੋਂ ਉਹ ਪਹਿਲੀ ਵਾਰ ਇਸ ਇਲਾਕੇ ਵਿੱਚ ਆਏ ਸਨ ਤਾਂ ਉਨ੍ਹਾਂ ਨੇ ਇਹ ਆਪਣੇ ਮਨ ਵਿਚ ਇੱਛਾ ਧਾਰ ਲਈ ਸੀ ਕਿ ਜਦੋਂ ਵੀ ਪ੍ਰਮਾਤਮਾ ਨੇ ਤਾਕਤ ਬਖ਼ਸ਼ੀ ਤਾਂ ਚੰਗਰ ਦੇ ਪਿੰਡਾਂ ਦੀ ਪਾਣੀ ਦੀ ਘਾਟ ਵਾਲੀ ਸਮੱਸਿਆ ਦੂਰ ਕਰਨੀ ਏ । ਉਨ੍ਹਾਂ ਦੱਸਿਆ ਕਿ 10 ਪੰਪ ਸੈਟ ਰਾਹੀਂ ਚੰਗਰ ਦੇ ਇਲਾਕੇ ਦੇ ਖੇਤੀ ਅਧੀਨ 3300 ਏਕੜ ਰਕਬੇ ਨੂੰ ਸਿੰਚਾਈ ਵਾਸਤੇ ਪਾਣੀ ਮਿਲੇਗਾ। ਇਹ ਪ੍ਰੋਜੈਕਟ ਛੇ ਮਹੀਨਿਆਂ ਵਿੱਚ ਮੁਕੰਮਲ ਕੀਤਾ ਜਾਵੇਗਾ ।

---------------------------------------------------------------

ਜਲ ਸਰੋਤ, ਮਾਈਨਿੰਗ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਫਰੀਦਕੋਟ ਵਿਖੇ ਮਚਾਕੀ ਮੱਲ ਸਿੰਘ ਰੋਡ ਅਤੇ ਸਰਹਿੰਦ ਫੀਡਰ ਤੇ ਰਾਜਸਥਾਨ ਫੀਡਰ ਨਹਿਰਾਂ 'ਤੇ 10.24 ਕਰੋੜ ਦੀ

ਲਾਗਤ ਨਾਲ ਨਵੇਂ ਬਣੇ ਸਟੀਲ ਦੇ ਪੁਲਾਂ ਦਾ ਉਦਘਾਟਨ ਕੀਤਾ ਏ । ਇਸ ਮੌਕੇ ਮੰਤਰੀ ਨੇ ਦੱਸਿਆ ਕਿ ਇਨ੍ਹਾਂ ਪੁਲਾਂ ਦੇ ਬਣਨ ਨਾਲ ਫਰੀਦਕੋਟ ਤੋਂ ਇਲਾਵਾ ਹੋਰ ਜ਼ਿਲ੍ਹਿਆਂ ਨੂੰ ਵੀ ਆਵਾਜਾਈ ਲਈ ਵੱਡੀ ਸਹੂਲਤ ਮਿਲੇਗੀ ਕਿਉਂਕਿ ਇਸ ਤੋਂ ਪਹਿਲਾਂ ਇਹ ਪੁਲ ਬਹੁਤ ਤੰਗ ਸਨ ਜਿਸ ਕਰਕੇ ਲੋਕਾਂ ਨੂੰ ਆਵਾਜਾਈ ਸਬੰਧੀ ਕਈ ਤਰ੍ਹਾਂ ਦੀਆਂ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਇਹ ਪੁਲ ਮਿੱਥੇ ਸਮੇਂ ਤੋਂ 4 ਮਹੀਨੇ ਪਹਿਲਾਂ ਤਿਆਰ ਕੀਤੇ ਗਏ ਨੇ ਜਿਸ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਅਤੇ ਵਿਭਾਗ ਦੇ ਅਧਿਕਾਰੀ ਵਧਾਈ ਦੇ ਪਾਤਰ ਨੇ ।